ਬਿਲਾਵਲੁ ਮਹਲਾ ੫ ॥ ਰਾਖਿ ਲੀਏ ਸਤਿਗੁਰ ਕੀ ਸਰਣ ॥ ਜੈ ਜੈ ਕਾਰੁ ਹੋਆ ਜਗ ਅੰਤਰਿ ਪਾਰਬ੍ਰਹਮੁ ਮੇਰੋ ਤਾਰਣ ਤਰਣ ॥ ੧॥ ਰਹਾਉ ॥ ਬਿਸ੍ੰਭਰ ਪੂਰਨ ਸੁਖਦਾਤਾ ਸਗਲ ਸਮਗ੍ਰੀ ਪੋਖਣ ਭਰਣ ॥ ਥਾਨ ਥਨੰਤਰਿ ਸਰਬ ਨਿਰੰਤਰਿ ਬਲਿ ਬਲਿ ਜਾਂਈ ਹਰਿ ਕੇ ਚਰਣ ॥ ੧॥ ਜੀਅ ਜੁਗਤਿ ਵਸਿ ਮੇਰੇ ਸੁਆਮੀ ਸਰਬ ਸਿਧਿ ਤੁਮ ਕਾਰਣ ਕਰਣ ॥ ਆਦਿ ਜੁਗਾਦਿ ਪ੍ਰਭੁ ਰਖਦਾ ਆਇਆ ਹਰਿ ਸਿਮਰਤ ਨਾਨਕ ਨਹੀ ਡਰਣ ॥੨॥੩੦॥੧੧੬॥ {ਪੰਨਾ 827}

ਪਦਅਰਥ:- ਰਾਖਿ ਲੀਏ—ਬਚਾ ਲਏ। ਜੈ ਜੈਕਾਰੁ—ਸਦਾ ਦੀ ਸੋਭਾ। ਅੰਤਰਿ—ਅੰਦਰ, ਵਿਚ। ਤਾਰਣੁ—ਪਾਰ ਲੰਘਣ ਵਾਸਤੇ। ਤਰਣ—ਬੇੜੀ, ਜਹਾਜ਼।1। ਰਹਾਉ।

ਬਿਸ੍ੰਭਰ—ਸਾਰੇ ਜਗਤ ਨੂੰ ਪਾਲਣ ਵਾਲਾ {ivÓv—ਸਾਰਾ ਸੰਸਾਰ}। ਪੂਰਨ—ਸਰਬ-ਵਿਆਪਕ। ਸਮਗ੍ਰੀ—ਪਦਾਰਥ। ਪੋਖਣ ਭਰਣ—ਪਾਲਣ ਪੋਸਣ ਵਾਲਾ। ਥਾਨ ਥਨੰਤਰਿ—ਥਾਨ ਥਾਨ ਅੰਤਰਿ, ਹਰੇਕ ਥਾਂ ਵਿਚ। ਨਿਰੰਤਰਿ—ਇਕ-ਰਸ {ਨਿਰ-ਅੰਤਰ। ਅੰਤਰੁ—ਵਿੱਥ} ਵਿੱਥ ਤੋਂ ਬਿਨਾ। ਜਾਂਈ—ਜਾਈਂ, ਮੈਂ ਜਾਂਦਾ ਹਾਂ। ਬਲਿ ਬਲਿ—ਕੁਰਬਾਨ।1।

ਜੀਅ ਜੁਗਤਿ—ਜਿੰਦ ਦੀ ਮਰਯਾਦਾ। ਵਸਿ—ਵੱਸ ਵਿਚ। ਸੁਆਮੀ—ਹੇ ਸੁਆਮੀ! ਸਿਧਿ—ਸਿੱਧੀਆਂ। ਕਰਣ—ਸਬੱਬ, ਮੂਲ। ਕਾਰਣ—ਜਗਤ। ਆਦਿ—ਸ਼ੁਰੂ ਤੋਂ। ਜੁਗਾਦਿ—ਜੁਗਾਂ ਦੇ ਸ਼ੁਰੂ ਤੋਂ।2।

ਅਰਥ:- (ਹੇ ਭਾਈ! ਇਹ ਸੰਸਾਰ ਇਕ ਸਮੁੰਦਰ ਹੈ, ਜਿਸ ਵਿਚੋਂ) ਪਾਰ ਲੰਘਾਣ ਲਈ ਮੇਰਾ ਜੀਵਨ (ਮਾਨੋ, ਇਕ) ਜਹਾਜ਼ ਹੈ। (ਜਿਨ੍ਹਾਂ ਮਨੁੱਖਾਂ ਨੂੰ ਉਹ ਬਚਾਣਾ ਚਾਹੁੰਦਾ ਹੈ, ਉਹਨਾਂ ਨੂੰ) ਗੁਰੂ ਦੀ ਸਰਨ ਪਾ ਕੇ (ਇਸ ਸਮੁੰਦਰ ਵਿਚ ਡੁੱਬਣੋਂ) ਬਚਾ ਲੈਂਦਾ ਹੈ, ਜਗਤ ਵਿਚ ਉਹਨਾਂ ਦੀ ਸਦਾ ਹੀ ਸੋਭਾ ਹੁੰਦੀ ਹੈ।1। ਰਹਾਉ।

ਹੇ ਭਾਈ! ਪਰਮਾਤਮਾ ਸਾਰੇ ਜਗਤ ਨੂੰ ਪਾਲਣ ਵਾਲਾ ਹੈ, ਸਰਬ-ਵਿਆਪਕ ਹੈ, ਸਾਰੇ ਸੁਖ ਦੇਣ ਵਾਲਾ ਹੈ, (ਜਗਤ ਨੂੰ) ਪਾਲਣ ਪੋਸਣ ਵਾਸਤੇ ਸਾਰੇ ਪਦਾਰਥ ਉਸ ਦੇ ਹੱਥ ਵਿਚ ਹਨ। ਉਹ ਪਰਮਾਤਮਾ ਹਰੇਕ ਥਾਂ ਵਿਚ ਵੱਸ ਰਿਹਾ ਹੈ, ਸਭਨਾਂ ਵਿਚ ਇਕ ਰਸ ਵੱਸ ਰਿਹਾ ਹੈ। ਮੈਂ ਉਸ ਦੇ ਚਰਨਾਂ ਤੋਂ ਸਦਾ ਸਦਕੇ ਜਾਂਦਾ ਹਾਂ।1।

ਹੇ ਮੇਰੇ ਮਾਲਕ! (ਸਭ ਜੀਵਾਂ ਦੀ) ਜੀਵਨ-ਜੁਗਤਿ ਤੇਰੇ ਵੱਸ ਵਿਚ ਹੈ, ਤੇਰੇ ਵੱਸ ਵਿਚ ਸਾਰੀਆਂ ਤਾਕਤਾਂ ਹਨ, ਤੂੰ ਹੀ ਸਾਰੇ ਜਗਤ ਦਾ ਪੈਦਾ ਕਰਨ ਵਾਲਾ ਹੈਂ। ਹੇ ਨਾਨਕ! ਸ਼ੁਰੂ ਤੋਂ ਹੀ ਪਰਮਾਤਮਾ (ਸਰਨ ਪਿਆਂ ਦੀ) ਰੱਖਿਆ ਕਰਦਾ ਆ ਰਿਹਾ ਹੈ। ਉਸ ਦਾ ਨਾਮ ਸਿਮਰਿਆਂ ਕੋਈ ਡਰ ਨਹੀਂ ਰਹਿ ਜਾਂਦਾ ਹੈ।2। 30। 116।